# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ :20-05-2026**

- ਸਰਵਉੱਚ ਅਦਾਲਤ ਨੇ ਮਰਦਮਸ਼ੁਮਾਰੀ-2027 ਤਹਿਤ, ਜਾਤੀ ਗਣਨਾ ਕਰਵਾਉਣ ਦੇ ਕੇਂਦਰ ਦੇ ਫੈਸਲੇ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ ਨੂੰ ਖਾਰਜ ਕੀਤਾ।
- ਪੰਜਾਬ ਦੇ ਰਾਜਪਾਲ ਚੰਡੀਗੜ੍ਹ ਦੇ ਪ੍ਰਸ਼ਾਸਕ, ਗੁਲਾਬ ਚੰਦ ਕਟਾਰੀਆ ਵਲੋਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਪੀਲ ਦਾ ਸਮਰਥਨ ਕਰਦਿਆਂ, ਊਰਜਾ ਸੰਭਾਲ਼ ਅਤੇ ਵਾਤਾਵਰਣ ਸੁਰੱਖਿਆ ਬਾਰੇ ਇੱਕ ਪ੍ਰੇਰਣਾਦਾਈ ਪਹਿਲ ਦੀ ਸ਼ੁਰੂਆਤ ।
- ਪੰਜਾਬ ਵਿੱਚ ਦੋ ਰੋਜ਼ਾ ਵਿਆਪਕ ਪਨੀਰ ਸੈਂਪਲਿੰਗ ਮੁਹਿੰਮ ਦਾ ਆਯੋਜਨ ਸਿਹਤ ਮੰਤਰੀ ਬਲਬੀਰ ਸਿੰਘ ਨੇ ਕਿਹਾ -ਨਿਯਮਾਂ ਦੀ ਉਲੰਘਣਾ ਕਰਨ ਵਾਲੇ ਕਿਸੇ ਵੀ ਖੁਰਾਕ ਕਾਰੋਬਾਰੀ ਆਪਰੇਟਰ ਖਿਲਾਫ ਸਖ਼ਤ ਕਾਨੂੰਨੀ ਕੀਤੀ ਜਾਵੇਗੀ।

- ਪੰਜਾਬ ਪੁਲਿਸ ਨੇ ਅੱਜ ਅੰਮ੍ਰਿਤਸਰ ਅਤੇ ਫਿਰੋਜ਼ਪੁਰ ਵਿੱਚ, ਤਿੰਨ ਵੱਖ-ਵੱਖ ਕਾਰਵਾਈਆਂ ਦੌਰਾਨ, ਇੱਕ ਪਿਸਤੌਲ, 14 ਕਿਲੋਗ੍ਰਾਮ ਹੈਰੋਇਨ, 12 ਕਿਲੋਗ੍ਰਾਮ ਨਸ਼ੀਲਾ ਪਦਾਰਥ ਬਰਾਮਦ ਕੀਤਾ ।
- ਪੰਜਾਬ ਅਤੇ ਹਰਿਆਣਾ ਅੱਤ ਦੀ ਗਰਮੀ ਦੀ ਮਾਰ ਹੇਠ -ਵੱਧ ਤੋਂ ਵੱਧ ਤਾਪਮਾਨ 40 ਤੋਂ 47 ਡਿਗਰੀ ਸੈਲਸੀਅਸ ਹੋਇਆ -ਮੌਸਮ ਵਿਭਾਗ ਵਲੋਂ ORANGE ALERT ਜਾਰੀ । ਅਤੇ
- IPL ਕ੍ਰਿਕਟ ਵਿੱਚ, ਅੱਜ ਕੋਲਕਾਤਾ ਨਾਈਟ ਰਾਈਡਰਜ਼ ਦਾ ਮੁਕਾਬਲਾ ਕੋਲਕਾਤਾ ਵਿੱਚ ਸ਼ਾਮੀ ਸਾਢੇ 7 ਵਜੇ ਮੁੰਬਈ ਇੰਡੀਅਨਜ਼ ਨਾਲ।

---------------------------------------------------------------------------

ਸਰਵਉੱਚ ਅਦਾਲਤ ਨੇ ਮਰਦਮਸ਼ੁਮਾਰੀ-2027 ਤਹਿਤ, ਜਾਤੀ ਗਣਨਾ ਕਰਵਾਉਣ ਦੇ ਕੇਂਦਰ ਦੇ ਫੈਸਲੇ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ ਨੂੰ ਖਾਰਜ ਕਰ ਦਿੱਤਾ ਏ। ਅਦਾਲਤ ਨੇ ਕਿਹਾ ਏ ਕਿ ਇਹ ਮੁੱਦਾ, ਸਰਕਾਰ ਦੇ ਨੀਤੀਗਤ ਅਧਿਕਾਰ ਖੇਤਰ ਵਿੱਚ ਆਉਂਦਾ ਏ। ਚੀਫ਼ ਜਸਟਿਸ ਸੂਰਿਆ ਕਾਂਤ ਦੀ ਅਗਵਾਈ ਵਾਲੇ ਬੈਂਚ ਨੇ ਕਿਹਾ ਕਿ ਪਛੜੇ ਵਰਗਾਂ ਦੀ ਭਲਾਈ ਬਾਰੇ ਉਪਾਅ ਤਿਆਰ ਕਰਨ ਲਈ, ਸਰਕਾਰ ਨੂੰ ਉਨ੍ਹਾਂ ਦੀ ਗਿਣਤੀ ਜਾਣਨਾ ਜ਼ਰੂਰੀ ਏ। ਬੈਂਚ ਨੇ ਕਿਹਾ ਕਿ ਅਜਿਹਾ ਡੇਟਾ ਇਕੱਠਾ

ਕਰਨ ਵਿੱਚ ਕੋਈ ਬੁਰਾਈ ਨਹੀਂ ਏ ਅਤੇ ਇਸ ਮਾਮਲੇ ਵਿੱਚ ਦਖਲ ਦੇਣ ਤੋਂ ਇਨਕਾਰ ਕਰ ਦਿੱਤਾ।

---------------------------------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰੀ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਗੁਲਾਬ ਚੰਦ ਕਟਾਰੀਆ ਨੇ ਅੱਜ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਪੀਲ ਦਾ ਸਮਰਥਨ ਕਰਦੇ ਹੋਏ ਊਰਜਾ ਸੰਭਾਲ਼ ਅਤੇ ਵਾਤਾਵਰਣ ਸੁਰੱਖਿਆ ਦੀ ਦਿਸ਼ਾ ਵਿੱਚ ਇੱਕ ਪ੍ਰੇਰਣਾਦਾਈ ਪਹਿਲ ਕੀਤੀ ਏ । ਰਾਜਪਾਲ ਨੇ ਆਪਣੇ ਸਰਕਾਰੀ ਰੁਝੇਵਿਆਂ ਲਈ ਪੈਟਰੋਲ ਅਤੇ ਡੀਜ਼ਲ ਵਾਹਨਾਂ ਦੀ ਵਰਤੋਂ ਕੀਤੇ ਬਿਨਾ  ਪਬਲਿਕ ਅਤੇ ਬਦਲਵੇਂ ਟ੍ਰਾਂਸਪੋਰਟ ਸਾਧਨਾਂ ਨੂੰ ਵਰਤ ਕੇ ਸਮਾਜ ਦੇ ਸਾਹਮਣੇ ਮਿਸਾਲ ਪੇਸ਼ ਕੀਤੀ। ਅੱਜ ਸਵੇਰੇ ਰਾਜਪਾਲ ਆਪਣੇ ਸਟਾਫ਼ ਸਮੇਤ ਇਲੈਕਟ੍ਰਿਕ ਬੱਸ ਦੇ ਜ਼ਰੀਏ ਚੰਡੀਗੜ੍ਹ ਨਜ਼ਦੀਕ ਸਥਿਤ   ਬਲਟਾਣਾ ਵਿੱਚ ਰੇਲਵੇ ਅੰਡਰ ਬ੍ਰਿਜ ਦੇ ਨੀਂਹ ਪੱਥਰ ਰੱਖਣ ਦੇ ਸਮਾਰੋਹ ਵਿੱਚ ਪਹੁੰਚੇ। ਇਸ ਤੋਂ ਬਾਅਦ ਉਹ ਚੰਡੀਗੜ੍ਹ  ਸਕੱਤਰੇਤ, ਤੱਕ ਛੋਟੇ ਇਲੈਕਟ੍ਰਿਕ ਵਾਹਨ  ਵਿੱਚ ਗਏ। ਇਸ ਦੌਰਾਨ ਉਨ੍ਹਾਂ ਨੇ ਵਾਤਾਵਰਣ ਅਨੁਕੂਲ ਟ੍ਰਾਂਸਪੋਰਟ ਨੂੰ ਉਤਸ਼ਾਹਿਤ ਦੇਣ ਦਾ ਸੁਨੇਹਾ ਦਿੱਤਾ। ਮੀਡੀਆ ਨਾਲ ਗੱਲਬਾਤ ਕਰਦੇ ਹੋਏ ਰਾਜਪਾਲ ਨੇ ਕਿਹਾ ਕਿ ਕੁਦਰਤੀ ਵਸੀਲਿਆਂ ਦੀ ਸੰਭਾਲ਼ ਮੌਜੂਦਾ ਸਮੇਂ ਦੀ ਜ਼ਰੂਰਤ

ਏ ਅਤੇ ਹਰੇਕ ਨਾਗਰਿਕ ਨੂੰ ਇਸ ਵਿੱਚ ਆਪਣੀ ਭੂਮਿਕਾ ਨਿਭਾਉਣੀ ਚਾਹੀਦੀ ਏ। BYTE:RNU200526

ਉਨ੍ਹਾਂ ਨੇ ਚੰਡੀਗੜ੍ਹ ਪ੍ਰਸ਼ਾਸਨ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੇ ਨਾਲ-ਨਾਲ ਆਮ ਲੋਕਾਂ ਨੂੰ ਵੀ ਪਬਲਿਕ ਟ੍ਰਾਂਸਪੋਰਟ, ਇਲੈਕਟ੍ਰਿਕ ਵਾਹਨਾਂ, ਸਾਇਕਲਾਂ ਅਤੇ ਟ੍ਰਾਂਸਪੋਰਟ ਦੇ ਹੋਰ ਬਦਲਵੇਂ ਸਾਧਨਾਂ ਦਾ ਉਪਯੋਗ ਕਰਨ ਦੀ ਅਪੀਲ ਕੀਤੀ। ਉਨ੍ਹਾਂ ਨੇ ਕਿਹਾ ਕਿ ਚੰਡੀਗੜ੍ਹ ਵਿੱਚ ਇਸ ਪਹਿਲ ਦੇ ਸਕਾਰਾਤਮਕ ਨਤੀਜੇ ਆਉਣ ਤੋਂ ਬਾਅਦ ਉਹ ਪੰਜਾਬ ਸਰਕਾਰ ਨੂੰ ਵੀ ਇਸੇ ਤਰ੍ਹਾਂ ਦੇ ਵਾਤਾਵਰਣ ਪੱਖੀ ਅਤੇ ਪਾਏਦਾਰ ਉਪਾਅ ਅਪਣਾਉਣ ਦੀ ਤਾਕੀਦ ਕਰਨਗੇ।

------------------------------------------------------------------

ਸੁਰੱਖਿਅਤ ਅਤੇ ਮਿਆਰੀ ਭੋਜਨ ਉਤਪਾਦਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਦੇ ਨਿਰੰਤਰ ਉਪਰਾਲਿਆਂ ਤਹਿਤ, ਪੰਜਾਬ ਦੇ ਖੁਰਾਕ ਤੇ ਦਵਾ ਪ੍ਰਬੰਧਨ ਵਿਭਾਗ ਨੇ ਸੂਬੇ ਭਰ ਵਿੱਚ ਦੋ ਰੋਜ਼ਾ ਵਿਆਪਕ ਪਨੀਰ ਸੈਂਪਲਿੰਗ ਮੁਹਿੰਮ ਚਲਾਈ। ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੇ ਨਿਰਦੇਸ਼ਾਂ ਅਤੇ ਵਿਭਾਗ ਦੇ ਕਮਿਸ਼ਨਰ ਕੰਵਲਪ੍ਰੀਤ ਬਰਾੜ ਦੀ ਨਿਗਰਾਨੀ ਹੇਠ ਇਸ ਮੁਹਿੰਮ ਤਹਿਤ ਡੇਅਰੀ ਸਪਲਾਈ ਚੇਨ ਦੇ ਵੱਖ-ਵੱਖ ਪਹਿਲੂਆਂ 'ਤੇ ਧਿਆਨ ਕੇਂਦਰਤ ਕੀਤਾ

ਗਿਆ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਸੂਬੇ ਭਰ ਦੀਆਂ ਸਥਾਨਕ ਡੇਅਰੀਆਂ ਦੀ ਜਾਂਚ ਕੀਤੀ ਗਈ, ਜਿਸ ਦੇ ਚਲਦਿਆਂ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਡੇਅਰੀਆਂ, ਪ੍ਰੋਸੈਸਿੰਗ ਯੂਨਿਟਾਂ ਅਤੇ ਪ੍ਰਚੂਨ ਦੁਕਾਨਾਂ ਤੋਂ ਪਨੀਰ ਦੇ 211 ਸੈਂਪਲ ਲਏ ਗਏ। ਲਏ ਗਏ ਸੈਂਪਲਾਂ ਨੂੰ ਕਿਸੇ ਵੀ ਕਿਸਮ ਦੀ ਮਿਲਾਵਟ ਅਤੇ ਨਿਰਧਾਰਤ ਮਾਪਦੰਡਾਂ ਦੀ ਪਾਲਣਾ ਸਬੰਧੀ ਜਾਂਚ ਲਈ ਮਾਨਤਾ ਪ੍ਰਾਪਤ ਸਟੇਟ ਫੂਡ ਲੈਬਾਰਟਰੀ ਵਿੱਚ ਭੇਜਿਆ ਗਿਆ ਏ । ਉਨ੍ਹਾਂ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ, "ਨਿਯਮਾਂ ਦੀ ਉਲੰਘਣਾ ਕਰਨ ਵਾਲੇ ਕਿਸੇ ਵੀ ਖੁਰਾਕ ਕਾਰੋਬਾਰੀ ਆਪਰੇਟਰ -FBO ਖਿਲਾਫ ਸਖ਼ਤ ਕਾਨੂੰਨੀ ਕੀਤੀ ਜਾਵੇਗੀ। ਡਾ. ਬਲਬੀਰ ਸਿੰਘ ਨੇ ਲੋਕਾਂ ਨੂੰ ਚੌਕਸ ਰਹਿਣ ਅਤੇ ਸਬੰਧਤ ਅਧਿਕਾਰੀਆਂ ਨੂੰ ਭੋਜਨ ਵਿੱਚ ਮਿਲਾਵਟ ਦੇ ਕਿਸੇ ਵੀ ਸ਼ੱਕੀ ਮਾਮਲੇ ਦੀ ਰਿਪੋਰਟ ਕਰਕੇ ਇਸ ਮਿਸ਼ਨ ਵਿੱਚ ਸਾਥ ਦੇਣ ਦੀ ਵੀ ਅਪੀਲ ਕੀਤੀ।

---

ਪੰਜਾਬ ਪੁਲਿਸ ਨੇ ਅੱਜ ਅੰਮ੍ਰਿਤਸਰ ਅਤੇ ਫਿਰੋਜ਼ਪੁਰ ਵਿੱਚ, ਤਿੰਨ ਵੱਖ-ਵੱਖ ਕਾਰਵਾਈਆਂ ਵਿੱਚ, ਇੱਕ ਪਿਸਤੌਲ, 14 ਕਿਲੋਗ੍ਰਾਮ ਹੈਰੋਇਨ, 12 ਕਿਲੋਗ੍ਰਾਮ ICE ਇੱਕ ਹੋਰ ਕਿਸਮ ਦਾ ਨਸ਼ੀਲਾ ਪਦਾਰਥ ਬਰਾਮਦ ਕੀਤਾ ਏ। ਪੁਲਿਸ ਨੇ ਦੁਬਈ ਸਥਿਤ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਇੱਕ ਅੰਤਰ-ਰਾਸ਼ਟਰੀ ਮਾਡਿਊਲ ਦਾ ਪਰਦਾਫਾਸ਼ ਕੀਤਾ ਏ, ਜੋ ਅਬੂ-ਧਾਬੀ

ਤੋਂ ਸਰਹੱਦੀ ਸੂਬੇ ਪੰਜਾਬ ਅਤੇ ਰਾਸ਼ਟਰੀ ਰਾਜਧਾਨੀ ਦਿੱਲੀ ਵਿੱਚ, ਨਸ਼ੀਲੇ ਪਦਾਰਥਾਂ ਦੀ ਤਸਕਰੀ ਦਾ ਕੰਮ ਕਰ ਰਿਹਾ ਸੀ। ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਕਾਰਵਾਈ ਕਰਦਿਆਂ, ਦੋ ਨਸ਼ਾ ਤਸਕਰਾਂ ਨੂੰ 10 ਕਿਲੋਗ੍ਰਾਮ ICE ਅਤੇ 4 ਕਿਲੋਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਏ। ਦੋ ਹੋਰ ਖੁਫੀਆ ਸੂਹ ਅਧਾਰਤ ਕਾਰਵਾਈਆਂ ਵਿੱਚ, ਫਿਰੋਜ਼ਪੁਰ ਪੁਲਿਸ ਨੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿੱਚ ਸ਼ਾਮਲ ਫਿਰੋਜ਼ਪੁਰ ਦੇ ਤਿੰਨ ਮੁੱਖ ਕਾਰਕੁਨਾਂ ਨੂੰ ਗ੍ਰਿਫਤਾਰ ਕਰਕੇ, ਇੱਕ ਵੱਡੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਨੈੱਟਵਰਕ ਦਾ ਪਰਦਾਫਾਸ਼ ਕੀਤਾ ਏ। ਉਨ੍ਹਾਂ ਦੇ ਕਬਜ਼ੇ ਵਿੱਚੋਂ, 10 ਕਿਲੋ 125 ਗ੍ਰਾਮ ਹੈਰੋਇਨ, 2 ਕਿਲੋਗ੍ਰਾਮ ICE (ਮੈਥਾ-ਮਫੇਟਾ-ਮਾਈਨ) ਅਤੇ ਇੱਕ ਪਿਸਤੌਲ ਬਰਾਮਦ ਕੀਤਾ ਗਿਆ ਏ। ਮਾਮਲੇ ਦੀ ਅਗਲੇਰੀ ਜਾਂਚ ਜਾਰੀ ਏ।

--------------------------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਦੇ ਆਰਥਿਕ ਅਪਰਾਧ ਵਿੰਗ, ਲੁਧਿਆਣਾ ਨੇ ਪੰਜਾਬ ਰਾਜ ਬਿਜਲੀ ਰਪੋਰੇਸ਼ਨ ਲਿਮਟਿਡ (PSPCL) ਦੇ ਸਾਬਕਾ ਮੁੱਖ ਪ੍ਰਬੰਧਕੀ ਨਿਰਦੇਸ਼ਕ ਕੇ.ਡੀ. ਚੌਧਰੀ ਅਤੇ ਸਾਬਕਾ ਸੀਨੀਅਰ ਐਕਸੀਅਨ, ਸੰਜੀਵ ਪ੍ਰਭਾਕਰ ਨੂੰ ਨਿਯਮਾਂ ਖਿਲਾਫ ਇੱਕ ਨਿੱਜੀ ਹਾਊਸਿੰਗ ਕਲੋਨੀ 'ਚ, 66 KV ਸਬਸਟੇਸ਼ਨ ਸਥਾਪਤ ਕਰਨ ਲਈ, ਕਥਿਤ ਤੌਰ 'ਤੇ ਸਰਕਾਰੀ ਫੰਡਾਂ ਦੀ ਵਰਤੋਂ ਕਰਨ ਦੇ ਇਲਜ਼ਾਮ ਹੇਠ

ਗ੍ਰਿਫ਼ਤਾਰ ਕੀਤਾ ਏ । ਲੁਧਿਆਣਾ ਦੇ ਕਲੋਨੀਆਂ ਕੱਟ ਕੇ ਦੇਣ ਵਾਲੇ , ਅਮਿਤ ਗਰਗ, ਜਿਸ ਨਾਲ ਦੋਵਾਂ ਅਧਿਕਾਰੀਆਂ ਅਤੇ ਉਨ੍ਹਾਂ ਦੇ ਕੁਝ ਸਾਥੀਆਂ ਨੇ ਮਿਲੀਭੁਗਤ ਕੀਤੀ ਸੀ, ਨੂੰ ਵੀ ਗ੍ਰਿਫ਼ਤਾਰ ਕਰ ਲਿਆ ਗਿਆ ਏ। ਪੰਜਾਬ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ, 66 KVH ਸਬ-ਸਟੇਸ਼ਨ ਬਸੰਤ ਐਵੇਨਿਊ ਦੀ ਸਥਾਪਨਾ ਸੰਬੰਧੀ ਕਮੀਆਂ ਅਤੇ ਟਿੱਪਣੀਆਂ ਨੂੰ ਨਜ਼ਰਅੰਦਾਜ਼ ਕਰਦਿਆਂ, ਸ੍ਰੀ ਚੌਧਰੀ ਨੇ ਇਸਨੂੰ ਮਨਜ਼ੂਰੀ ਦਿੱਤੀ ਸੀ। ਉਨ੍ਹਾਂ ਕਿਹਾ ਕਿ ਤਿੰਨਾਂ ਨੂੰ ਗ੍ਰਿਫ਼ਤਾਰ ਕਰਕੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਏ।

---------------------------------------------------------------------------------

ਪੰਜਾਬ ਅਤੇ ਹਰਿਆਣਾ, ਦੋਵੇਂ ਸੂਬੇ ਅੱਤ ਦੀ ਗਰਮੀ ਦੀ ਮਾਰ ਹੇਠ ਨੇ । ਦੋਵਾਂ ਸੂਬਿਆਂ ਵਿੱਚ ਵੱਧ ਤੋਂ ਵੱਧ ਤਾਪਮਾਨ 40 ਤੋਂ 47 ਡਿਗਰੀ ਸੈਲਸੀਅਸ ਦਰਮਿਆਨ ਏ । ਮੌਸਮ ਵਿਭਾਗ ਨੇ ਪਹਿਲਾਂ ਹੀ ਇਸ ਖੇਤਰ ਲਈ ORANGE ALERT ਜਾਰੀ ਕਰ ਦਿੱਤਾ ਏ । ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵੀ ਤੇਜ਼ ਗਰਮੀ ਦੀ ਮਾਰ ਹੇਠ ਏ । ਪੇਸ਼ ਏ ਸਾਡੇ ਪੱਤਰਕਾਰ ਦੀ ਇੱਕ ਰਿਪੋਰਟ –
BYTE:RNU200526
DESK

---------------------------------------------------------------------------------

-ਗਰਮੀਆਂ ਦੇ ਮੌਸਮ ਦੌਰਾਨ ਰੇਲ ਮੁਸਾਫ਼ਰਾਂ ਦੀ ਸਹੂਲਤ ਲਈ, ਉੱਤਰੀ ਰੇਲਵੇ ਦਾ ਫਿਰੋਜ਼ਪੁਰ ਡਿਵੀਜ਼ਨ ਅੱਠ ਜੋੜੀ ਗਰਮੀਆਂ ਦੀਆਂ ਵਿਸ਼ੇਸ਼ ਰੇਲਗੱਡੀਆਂ ਚਲਾ ਰਿਹਾ ਏ। ਉੱਤਰੀ ਰੇਲਵੇ ਫਿਰੋਜ਼ਪੁਰ ਦੇ ਸੀਨੀਅਰ ਡਿਵੀਜ਼ਨਲ ਕਮਰਸ਼ੀਅਲ ਮੈਨੇਜਰ ਬਸੰਤ ਕੁਮਾਰ ਨੇ ਜਾਣਕਾਰੀ ਦਿੰਦਿਆਂ ਦਸਿਆ ਕਿ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਮੁਸਾਫ਼ਰਾਂ ਦੀ ਆਵਾਜਾਈ ਵਧਣ ਕਾਰਨ, ਨਿਯਮਤ ਰੇਲਗੱਡੀਆਂ ਅਕਸਰ ਉਡੀਕ ਸੂਚੀਆਂ ਦਾ ਸਾਹਮਣਾ ਕਰਦੀਆਂ ਨੇ। ਮੁਸਾਫ਼ਰਾਂ ਕੋਲ ਸੀਟਾਂ ਦੀ ਪੁਸ਼ਟੀ ਅਤੇ ਸਫ਼ਰ ਨੂੰ ਆਸਾਨ ਅਤੇ ਵਧੇਰੇ ਸੁਵਿਧਾਜਨਕ ਬਣਾਉਣ ਲਈ ਰੇਲਵੇ ਵਿਸ਼ੇਸ਼ ਰੇਲਗੱਡੀਆਂ ਚਲਾ ਰਿਹਾ ਏ। ਰੇਲਵੇ ਅਧਿਕਾਰੀ ਉੱਚ ਪੱਧਰ 'ਤੇ ਮੁਸਾਫ਼ਰ ਆਵਾਜਾਈ ਦੀ ਨਿਰੰਤਰ ਨਿਗਰਾਨੀ ਕਰ ਰਹੇ ਹਨ। ਇਨ੍ਹਾਂ 8 ਜੋੜੀ ਰੇਲਗੱਡੀਆਂ ਵਿਚ ,ਅੰਮ੍ਰਿਤਸਰ-ਕਟਿਹਾਰ, ਨਵੀਂ ਦਿੱਲੀ-ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ , ਅੰਮ੍ਰਿਤਸਰ-ਬਰੌਨੀ ਕੈਂਟ-ਝਾਂਝਰਪੁਰ , ਫਿਰੋਜ਼ਪੁਰ ਕੈਂਟ-ਪਟਨਾ ਅਤੇ ਅੰਮ੍ਰਿਤਸਰ-ਜੈਨਗਰ ਸ਼ਾਮਿਲ ਨੇ।

---------------------------------------------------------------------------

ਅੱਜ ਵਿਸ਼ਵ ਮਧੂ-ਮੱਖੀ ਦਿਵਸ ਮਨਾਇਆ ਜਾ ਰਿਹਾ ਏ । ਇਸ ਨੂੰ ਮਨਾਉਣ ਦਾ ਮੁੱਖ ਉਦੇਸ਼ ਵਾਤਾਵਰਣ ਪ੍ਰਣਾਲੀ ਦੇ ਸੰਤੁਲਨ ਨੂੰ

ਬਣਾਈ ਰੱਖਣ ਵਿੱਚ, ਮਧੂ-ਮੱਖੀਆਂ ਦੀ ਮਹੱਤਵਪੂਰਨ ਭੂਮਿਕਾ ਨੂੰ ਸਮਝਣਾ ਅਤੇ ਉਨ੍ਹਾਂ ਦੀ ਸੰਭਾਲ ਬਾਰੇ ਜਾਗਰੂਕਤਾ ਫੈਲਾਉਣਾ ਏ- ਇਸ ਬਾਰੇ ਜਾਣਕਾਰੀ ਦਿੰਦੇ ਹੁਸ਼ਿਆਰਪੁਰ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਬਾਹੋਵਾਲ ਤੋਂ ਸਹਯੋਗੀ ਨਿਦੇਸ਼ਕ ਡਾਕਟਰ ਮਨਿਦਰ ਸਿੰਘ ਨੇ ਦਸਿਆ

I BYTES- RNU200526

ਮਧੂ-ਮੱਖੀ ਪਾਲਣ ਦੇ ਕਿੱਤੇ ਨਾਲ ਜੁੜੇ ਜ਼ਿਲਾ ਮੋਹਾਲੀ ਦੇ ਕਿਸਾਨ ਹਰਜਿੰਦਰ ਸਿੰਘ ਸ਼ੇਰਗਿੱਲ 1980 ਤੋਂ ਮਧੂ ਮੁਖੀ ਪਾਲਣ ਕਰ ਰਹੇ ਨੇ । ਆਕਾਸ਼ਵਾਣੀ ਨਾਲ ਤਜਰਬੇ ਆਪਣੇ ਸਾਂਝੇ ਕਰਦਿਆਂ ਉਨ੍ਹਾਂ ਦਸਿਆ ।

BYTES- RNU200526

-----------------------------------------------------------------------------

IPL ਕ੍ਰਿਕਟ ਵਿੱਚ, ਅੱਜ ਕੋਲਕਾਤਾ ਨਾਈਟ ਰਾਈਡਰਜ਼ ਦਾ ਮੁਕਾਬਲਾ ਕੋਲਕਾਤਾ ਵਿੱਚ ਸ਼ਾਮੀ ਸਾਢੇ 7 ਵਜੇ ਮੁੰਬਈ ਇੰਡੀਅਨਜ਼ ਨਾਲ ਹੋਵੇਗਾ। ਬੀਤੀ ਰਾਤ ਰਾਜਸਥਾਨ ਰਾਇਲਜ਼ ਨੇ ਲਖਨਊ ਸੁਪਰ ਜਾਇੰਟਸ ਨੂੰ 7 ਵਿਕਟਾਂ ਨਾਲ ਹਰਾਇਆ। ਇਸ ਨਾਲ ਰਾਜਸਥਾਨ ਦੇ ਪਲੇਆਫ ਵਿੱਚ ਪਹੁੰਚਣ ਦੀਆਂ ਸੰਭਾਵਨਾ ਬਣੀ ਹੋਏ ਏ । ਪੰਜ ਟੀਮਾਂ ਇਸ ਸਮੇਂ ਲੀਗ ਵਿੱਚ ਬਾਕੀ ਬਚੇ ਇੱਕੋ ਇੱਕ ਪਲੇਆਫ ਸਥਾਨ ਲਈ ਮੁਕਾਬਲਾ ਕਰ ਰਹੀਆਂ ਹਨ। ਰਾਇਲ ਚੈਲੇਂਜਰਜ਼ ਬੰਗਲੁਰੂ , ਗੁਜਰਾਤ ਟਾਈਟਨਜ਼ ਅਤੇ ਸਨਰਾਈਜ਼ਰਜ਼ ਹੈਦਰਾਬਾਦ ਪਹਿਲਾਂ ਹੀ ਪਲੇਆਫ ਲਈ

ਕੁਆਲੀਫਾਈ ਕਰ ਚੁੱਕੇ ਨੇ। ਮੁੰਬਈ ਇੰਡੀਅਨਜ਼ ਅਤੇ ਲਖਨਊ ਸੁਪਰ ਜਾਇੰਟਸ ਦੌੜ ਤੋਂ ਬਾਹਰ ਨੇ।

---------------------------------------------------------------------------

- ਸਰਵਉੱਚ ਅਦਾਲਤ ਨੇ ਮਰਦਮਸ਼ੁਮਾਰੀ-2027 ਤਹਿਤ, ਜਾਤੀ ਗਣਨਾ ਕਰਵਾਉਣ ਦੇ ਕੇਂਦਰ ਦੇ ਫੈਸਲੇ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ ਨੂੰ ਖਾਰਜ ਕੀਤਾ।
- ਪੰਜਾਬ ਦੇ ਰਾਜਪਾਲ ਚੰਡੀਗੜ੍ਹ ਦੇ ਪ੍ਰਸ਼ਾਸਕ, ਗੁਲਾਬ ਚੰਦ ਕਟਾਰੀਆ ਵਲੋਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਪੀਲ ਦਾ ਸਮਰਥਨ ਕਰਦਿਆਂ, ਊਰਜਾ ਸੰਭਾਲ਼ ਅਤੇ ਵਾਤਾਵਰਣ ਸੁਰੱਖਿਆ ਬਾਰੇ ਇੱਕ ਪ੍ਰੇਰਣਾਦਾਈ ਪਹਿਲ ਦੀ ਸ਼ੁਰੂਆਤ ।
- ਪੰਜਾਬ ਵਿੱਚ ਦੋ ਰੋਜ਼ਾ ਵਿਆਪਕ ਪਨੀਰ ਸੈਂਪਲਿੰਗ ਮੁਹਿੰਮ ਦਾ ਆਯੋਜਨ ਸਿਹਤ ਮੰਤਰੀ ਬਲਬੀਰ ਸਿੰਘ ਨੇ ਕਿਹਾ -ਨਿਯਮਾਂ ਦੀ ਉਲੰਘਣਾ ਕਰਨ ਵਾਲੇ ਕਿਸੇ ਵੀ ਖੁਰਾਕ ਕਾਰੋਬਾਰੀ ਆਪਰੇਟਰ ਖਿਲਾਫ ਸਖ਼ਤ ਕਾਨੂੰਨੀ ਕੀਤੀ ਜਾਵੇਗੀ।
- ਪੰਜਾਬ ਪੁਲਿਸ ਨੇ ਅੱਜ ਅੰਮ੍ਰਿਤਸਰ ਅਤੇ ਫਿਰੋਜ਼ਪੁਰ ਵਿੱਚ, ਤਿੰਨ ਵੱਖ-ਵੱਖ ਕਾਰਵਾਈਆਂ ਦੌਰਾਨ, ਇੱਕ ਪਿਸਤੌਲ,

14 ਕਿਲੋਗ੍ਰਾਮ ਹੈਰੋਇਨ, 12 ਕਿਲੋਗ੍ਰਾਮ ਨਸ਼ੀਲਾ ਪਦਾਰਥ ਬਰਾਮਦ ਕੀਤਾ ।

- ਪੰਜਾਬ ਅਤੇ ਹਰਿਆਣਾ ਅੱਤ ਦੀ ਗਰਮੀ ਦੀ ਮਾਰ ਹੇਠ -ਵੱਧ ਤੋਂ ਵੱਧ ਤਾਪਮਾਨ 40 ਤੋਂ 47 ਡਿਗਰੀ ਸੈਲਸੀਅਸ ਹੋਇਆ -ਮੌਸਮ ਵਿਭਾਗ ਵਲੋਂ ORANGE ALERT ਜਾਰੀ।
- IPL ਕ੍ਰਿਕਟ ਵਿੱਚ, ਅੱਜ ਕੋਲਕਾਤਾ ਨਾਈਟ ਰਾਈਡਰਜ਼ ਦਾ ਮੁਕਾਬਲਾ ਕੋਲਕਾਤਾ ਵਿੱਚ ਸ਼ਾਮੀ ਸਾਢੇ 7 ਵਜੇ ਮੁੰਬਈ ਇੰਡੀਅਨਜ਼ ਨਾਲ ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ**

**ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**